| ਇਸ਼ਤਿਹਾਰ ਨੰ. |
|---|
| 01/2026 |

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

https://sssb.punjab.gov.in

(0172-2298000 (Ex. 5106 and 5107), 0172-2298083)

**ਅਸਾਮੀ ਦਾ ਨਾਮ : Excise and Taxation Inspector** **ਅਸਾਮੀਆਂ ਦੀ ਗਿਣਤੀ : 197**


| ਲੜੀ ਨੰ: | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 1 |
| 2. | ਇਸ਼ਤਿਹਾਰ ਨੰ: 14/2024 ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਲਈ ਹਦਾਇਤਾਂ | 1 |
| 3. | ਜਾਣ-ਪਹਿਚਾਣ | 1 |
| 4. | ਅਸਾਮੀਆਂ ਦਾ ਕੈਟਾਗਰੀ-ਵਾਈਜ਼ ਵਰਗੀਕਰਨ | 1 |
| 5. | ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ | 3 |
| 6. | ਵਿੱਦਿਅਕ ਯੋਗਤਾ | 4 |
| 7. | ਤਨਖਾਹ ਸਕੇਲ | 5 |
| 8. | ਉਮਰ ਸੀਮਾ | 5 |
| 9. | ਫੀਸ ਸਬੰਧੀ ਵੇਰਵਾ | 6 |
| 10. | ਚੋਣ ਵਿਧੀ ਸਬੰਧੀ ਜਾਣਕਾਰੀ | 7 |
| 11. | ਅਪਲਾਈ ਕਰਨ ਦੀ ਵਿਧੀ | 8 |
| 12. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 9 |
| 13. | ਬਿਨੈਕਾਰ ਦੇ ਧਿਆਨ ਹਿੱਤ ਜਰੂਰੀ ਹਦਾਇਤਾਂ | 10 |

| ਇਸ਼ਤਿਹਾਰ ਨੰ. |
|---|
| 01/2026 |

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

https://sssb.punjab.gov.in

**ਜਨਤਕ ਨਿਯੁਕਤੀਆਂ**

**ਮਹੱਤਵਪੂਰਨ ਮਿਤੀਆਂ:-**

| | | |
|---|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ** | : | **06/02/2026** |
| **ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ** | : | **13/02/2026** |
| **ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਅਤੇ ਫੀਸ ਭਰਨ ਦੀ ਆਖਰੀ ਮਿਤੀ** | : | **06/03/2026** |

**ਨੋਟ:**

**ਇਸ਼ਤਿਹਾਰ ਨੰ: 14/2024 ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਲਈ ਹਦਾਇਤਾਂ :-**

- ਕਿਉਂਕਿ ਇਸ਼ਤਿਹਾਰ ਨੰ: 14/2024 ਰਾਹੀਂ ਪ੍ਰਕਾਸ਼ਤ ਆਬਕਾਰੀ ਤੇ ਕਰ ਨਿਰੀਖਕ ਦੀਆਂ ਅਸਾਮੀਆਂ ਵਾਪਸ ਲੈ ਲਈਆਂ ਗਈਆਂ ਹਨ, ਇਸ ਲਈ ਇਸ਼ਤਿਹਾਰ ਨੰ:14/2024 ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਨੂੰ ਇਸ ਭਰਤੀ ਲਈ ਮੁੜ ਤੋਂ ਅਪਲਾਈ ਕਰਨਾ ਹੋਵੇਗਾ।
- ਇੰਨਾਂ ਉਮੀਦਵਾਰਾਂ ਨੂੰ ਇਸ ਇਸ਼ਤਿਹਾਰ ਲਈ ਫੀਸ ਭਰਨ ਤੋਂ ਛੋਟ ਦਿੱਤੀ ਜਾਂਦੀ ਹੈ।
- ਇੰਨ੍ਹਾਂ ਉਮੀਦਵਾਰਾਂ ਦੀ ਉਮਰ ਸੀਮਾ ਲਈ cut-off ਮਿਤੀ 01-01-2024 ਮੰਨੀ ਜਾਏਗੀ।

**ਜਾਣ-ਪਹਿਚਾਣ**

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗਰੁੱਪ-ਬੀ, ਸੀ, ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

ਆਬਕਾਰੀ ਤੇ ਕਰ ਵਿਭਾਗ ਦੀਆਂ ਗਰੁੱਪ-ਸੀ ਦੀਆਂ ਅਸਾਮੀਆਂ ਲਈ ਪ੍ਰਾਪਤ ਮੰਗ ਪੱਤਰ ਅਤੇ ਅਸਾਮੀਆਂ ਦੇ ਵਰਗੀਕਰਨ ਅਨੁਸਾਰ Excise and Taxation Inspector (ਆਬਕਾਰੀ ਤੇ ਕਰ ਨਿਰੀਖਕ) ਦੀਆਂ ਕੁੱਲ 197 ਅਸਾਮੀਆਂ ਦੀ ਭਰਤੀ ਲਈ ਬੋਰਡ ਦੀ ਵੈਬਸਾਈਟ ***https://sssb.punjab.gov.in*** ਤੇ ਯੋਗ ਉਮੀਦਵਾਰਾਂ ਤੋਂ ਮਿਤੀ **13/02/2026 ਤੋਂ 06/03/2026** ਤੱਕ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ।

**ਵਿਸਥਾਰਪੂਰਵਕ ਸੂਚਨਾ**

1. **ਅਸਾਮੀਆਂ ਦਾ ਸ਼੍ਰੇਣੀ-ਵਾਈਜ ਵਰਗੀਕਰਨ ਹੇਠ ਲਿਖੇ ਅਨੁਸਾਰ ਹੈ:-**

| **ਲੜੀ ਨੰ:** | **ਸ਼੍ਰੇਣੀ ਦਾ ਨਾਮ** | **ਅਸਾਮੀਆਂ ਦੀ ਗਿਣਤੀ** | **ਕਾਲਮ (c) ਵਿੱਚ ਦਰਸਾਈਆਂ ਅਸਾਮੀਆਂ ਵਿੱਚ ਇਸਤਰੀਆਂ ਲਈ ਰਾਖਵੀਆਂ ਅਸਾਮੀਆਂ ਦੀ ਗਿਣਤੀ** |
|---|---|---|---|
| **(a)** | **(b)** | **(c)** | **(d)** |
| **ਅਸਾਮੀ ਦਾ ਨਾਮ -** Excise and Taxation Inspector (ਕੁੱਲ ਅਸਾਮੀਆਂ -197) | | | |
| **(a)** | **(b)** | **(c)** | **(d)** |
| 1. | GENERAL | 76 | 21 |

| | | | |
|---|---|---|---|
| 2. | SC(M&B) | 22 | 06 |
| 3. | SC(R&O) | 17 | 09 |
| 4. | BC | 20 | 08 |
| 5. | EX-SERVICEMEN (GEN) | 14 | 08 |
| 6. | EX-SERVICEMEN (BC) | 04 | -- |
| 7. | EX-SERVICEMEN SC(MB) | 02 | -- |
| 8. | EX-SERVICEMEN SC(R&O) | 06 | -- |
| 9. | SPORTS(GENERAL) | 04 | 02 |
| 10. | SPORTS(SC-MB) | 02 | -- |
| 11. | PHYSICALLY HANDICAPED (ORTHO) | 02 | 01 |
| 12. | PHYSICALLY HANDICAPED (VISUALLY IMPAIRED) | 02 | 01 |
| 13. | PHYSICALLY HANDICAPED (HEARING IMPAIRED) | 02 | 01 |
| 14. | PHYSICALLY HANDICAPED (I.D./M.D.) | 02 | 01 |
| 15. | FREEDOM FIGHTER | 02 | 01 |
| 16. | ECONOMICALLY WEAKER SECTION | 20 | 06 |
| | Total | 197 | 65 |

ਨੋਟ:

(i) ਉਕਤ ਅਸਾਮੀਆਂ ਦਾ ਕੈਟਾਗਰੀ ਵਾਈਜ਼ ਵਰਗੀਕਰਨ ਸਬੰਧਤ ਵਿਭਾਗ ਤੋਂ ਪ੍ਰਾਪਤ ਹੋਏ ਮੰਗ ਪੱਤਰ ਅਨੁਸਾਰ ਹੈ, ਜੋ ਕਿ ਭਵਿੱਖ ਵਿੱਚ ਸਬੰਧਤ ਵਿਭਾਗ/ਸਰਕਾਰ ਤੋਂ ਪ੍ਰਾਪਤ ਸੂਚਨਾ/ਫੈਸਲੇ ਦੇ ਸਨਮੁੱਖ ਤਬਦੀਲ ਵੀ ਕੀਤਾ ਜਾ ਸਕਦਾ ਹੈ।

(ii) ਭਵਿੱਖ ਵਿੱਚ ਸਬੰਧਤ ਵਿਭਾਗ/ਸਰਕਾਰ ਤੋਂ ਪ੍ਰਾਪਤ ਸੂਚਨਾ/ਫੈਸਲੇ ਦੇ ਸਨਮੁੱਖ ਇਹ ਅਸਾਮੀਆਂ ਘਟਾਈਆਂ/ਵਧਾਈਆਂ ਜਾਂ ਖਾਰਜ ਵੀ ਕੀਤੀਆਂ ਜਾ ਸਕਦੀਆਂ ਹਨ।

(iii) ਸ਼੍ਰੇਣੀ ਕੋਡ (Category Codes): ਉਮੀਦਵਾਰ ਵੱਲੋਂ ਆਨਲਾਈਨ ਅਪਲਾਈ ਕਰਨ ਸਮੇਂ ਸ਼੍ਰੇਣੀ ਅਤੇ ਸ਼੍ਰੇਣੀ ਕੋਡ ਨੂੰ ਧਿਆਨ ਵਿੱਚ ਰੱਖਦੇ ਹੋਏ ਅਪਲਾਈ ਕੀਤਾ ਜਾਵੇ। ਇਨ੍ਹਾਂ ਅਸਾਮੀਆਂ ਦੇ ਸ਼੍ਰੇਣੀ ਕੋਡ ਹੇਠ ਲਿਖੇ ਅਨੁਸਾਰ ਹਨ:

| ਲੜੀ ਨੰ: | ਸ਼੍ਰੇਣੀ (Category) ਦਾ ਨਾਮ | ਕੋਡ (Code) |
|---|---|---|
| 1. | GENERAL | 101 |
| 2. | EWS (GEN) | 102 |
| 3. | S.C (M & B) | 103 |
| 4. | S.C (RAMDASIA & OTHERS) | 104 |
| 5. | BC | 105 |
| 6. | EX-SERVICEMEN GEN (Self) | 106 |

| | | |
|---|---|---|
| 7. | EX-SERVICEMEN GEN (Dependent) | 107 |
| 8. | ESM SC (M&B) (Self) | 108 |
| 9. | ESM SC (M&B) (Dependent) | 109 |
| 10. | EX-SERVICEMEN SC (R&O) (Self) | 110 |
| 11. | EX-SERVICEMEN SC (R&O) (Dependent) | 111 |
| 12. | EX-SERVICEMEN BC (Self) | 112 |
| 13. | EX-SERVICEMEN BC (Dependent) | 113 |
| 14. | SPORTS (GENERAL) | 114 |
| 15. | SPORTS (SC-M&B) | 115 |
| 16. | PHYSICALLY HANDICAPED (ORTHO) | 117 |
| 17. | PHYSICALLY HANDICAPED (VISUALLY IMPAIRED) | 118 |
| 18. | PHYSICALLY HANDICAPED (HEARING IMPAIRED) | 119 |
| 19. | PHYSICALLY HANDICAPED (INTELLECTUAL DISABILITY/MULTIPLE DISABILITY) | 120 |
| 20. | FREEDOM FIGHTER | 121 |

**2. ਰਾਖਵਾਂਕਰਨ/Reservation ਸਬੰਧੀ ਮਹੱਤਵਪੂਰਨ ਹਦਾਇਤਾਂ :**

(i) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਸੁਚੇਤ ਹੋ ਕੇ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾਵੇਗਾ।

(ii) ਉਮੀਦਵਾਰ ਕਿਸੇ ਵੀ ਅਜਿਹੀ ਸ਼੍ਰੇਣੀ ਵਿਰੁੱਧ ਅਪਲਾਈ ਨਾ ਕਰਨ ਜਿਸ ਦੀ ਅਸਾਮੀ ਉਪਰ ਦਰਸਾਈ ਸਾਰਣੀ ਵਿੱਚ ਦਰਜ ਨਹੀਂ ਕੀਤੀ ਗਈ । ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਸ਼੍ਰੇਣੀ ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਪਾਤਰਤਾ ਮੁੱਢ ਤੋਂ ਹੀ ਰੱਦ ਮੰਨੀ ਜਾਵੇਗੀ।

(iii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖਣ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(iv) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜ਼ਾ ਜਾਰੀ ਹੋਇਆ ਸਰਟੀਫਿਕੇਟ (Domicile/Residence Certificate) ਪੇਸ਼ ਕਰੇਗਾ। ਇਹ ਸਰਟੀਫਿਕੇਟ ਹਰ ਸ਼੍ਰੇਣੀ ਦੇ ਉਮੀਦਵਾਰ (ਪੁਰਸ਼/ਇਸਤਰੀ) ਵੱਲੋਂ ਪੇਸ਼ ਕਰਨਾ ਲਾਜ਼ਮੀ ਹੈ। ਇਹ ਸਰਟੀਫਿਕੇਟ ਕੌਂਸਲਿੰਗ ਦੌਰਾਨ ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿੱਚ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ।

(v) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀ/ਅੰਗਹੀਣ/ਖਿਡਾਰੀ/ਆਰਥਿਕ ਤੌਰ ਤੇ ਕਮਜ਼ੋਰ ਵਰਗ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਿਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(vi) ਉਮੀਦਵਾਰ ਕਾਉਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ

ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

**ਨੋਟ:-** (i) ESM ਦੀ ਅਸਾਮੀ ESM(Self) ਉਮੀਦਵਾਰਾਂ ਵਿੱਚੋਂ ਹੀ ਭਰੀ ਜਾਏਗੀ। ESM(Self) ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀ ESM(Dependent) ਉਮੀਦਵਾਰਾਂ ਵਿੱਚੋਂ ਭਰੀ ਜਾਏਗੀ।

(ii) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08.05.2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਣੀ ਹੈ:-

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

*"Provided further that when an ex-serviceman is not available for the recruitment against a reserved vacancy and further no wife or dependent child of an Ex-serviceman is available for recruitment against a reserved vacancy, such a vacancy shall be reserved to be filled in by recruitment of the grand child of a Gallantry Award Winner, in case the benefit of reservation has not been availed for by any of the children or dependents of such winner or by the winner himself subject to the conditions specified in the second proviso."*

(iii) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਸਬੰਧਤ ਵਿਭਾਗ ਵੱਲੋਂ ਪ੍ਰਾਪਤ ਹੋਏ ਮੰਗ-ਪੱਤਰਾਂ ਵਿੱਚ ਦਰਸਾਏ ਵਰਗੀਕਰਨ ਅਨੁਸਾਰ ਹੀ ਹੈ। ਜੇਕਰ ਸਬੰਧਤ ਵਿਭਾਗ ਵੱਲੋਂ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਦਾ ਫੈਸਲਾ ਲਿਆ ਜਾਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲਿਆ ਜਾਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ Corrigendum/notice ਜਾਰੀ ਕਰਦੇ ਹੋਏ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਵਿੱਚ ਸੋਧ ਕੀਤੀ ਜਾ ਸਕਦੀ ਹੈ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ ਅਤੇ ਹਰ ਉਮੀਦਵਾਰ ਇਸਦੀ ਪਾਲਣਾ ਕਰਨਾ ਯਕੀਨੀ ਬਣਾਏਗਾ।

**3. ਲੋੜੀਂਦੀ ਵਿੱਦਿਅਕ ਯੋਗਤਾ (Educational Qualification) :-**

| ਅਸਾਮੀ ਦਾ ਨਾਮ | ਵਿਦਿਅਕ ਯੋਗਤਾ |
|---|---|
| Excise and Taxation Inspector | i) Should possess a degree of Bachelor in any discipline from a recognised University or institution or its equivalent; and<br>ii) Should possess at least 120 hours course with working experience in the use of Personal Computers or Information Technology in Office Productivity Applications or Desktop Publishing Applications from a Government recognised |

| | |
|---|---|
| | Institution or reputed Institution which is ISO 9001 certified.<br>OR<br>Should have passed a Computer Information Technology Courses equivalent to 'O' level certificate of DOEACC of Government of India. |

ਨੋਟ:-

(A) ਉਪਰ ਦਰਸਾਈਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994, ਦੇ ਨਿਯਮ 17 ਤਹਿਤ ਦਸਵੀਂ ਪੱਧਰ ਤੇ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਣੀ ਲਾਜ਼ਮੀ ਹੈ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:-

*“**17.Knowledge of Punjabi Language-** No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time.”*

(B) ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ; GSR72/Const./Art.309/Amd.(22)/2022, ਮਿਤੀ 28.10.2022 ਅਨੁਸਾਰ ਉਮੀਦਵਾਰ ਨੂੰ ਦਸਵੀਂ ਪੱਧਰ ਦੀ ਪੰਜਾਬੀ ਭਾਸ਼ਾ ਦੀ qualifying nature ਦੀ ਪ੍ਰੀਖਿਆ ਵਿੱਚ 50% ਅੰਕ ਲੈਣੇ ਲਾਜ਼ਮੀ ਹਨ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:

"Provided that no person shall be appointed to any post in Group-‘C’ service unless he had passed a qualifying test of Punjabi Language equivalent to Matriculation standard with at least fifty per cent marks, to be conducted by respective recruitment agencies in addition to competitive examination. The test pf Punjabi Language shall be a mandatory qualifying test and failure to secure a minimum of fifty per cent marks in Punjabi Language will disqualify the candidate for being considered in the final merit list of candidates to be selected irrespective of their scores or marks in other papers of the respective exam.

(C) ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ.G.S.R.7/Const./Art.309/Amd.(23)/ 2026 ਮਿਤੀ 21.01.2026 ਮੁਤਾਬਕ ਉਮੀਦਵਾਰ ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ ਤੋਂ ਪਹਿਲਾਂ ਲੋੜੀਂਦੀਆਂ ਵਿਦਿਅਕ ਯੋਗਤਾਵਾਂ ਪੂਰੀਆਂ ਕਰਦਾ ਹੋਵੇ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:

“The cut-off date to determine the minimum educational and other qualifications, unless otherwise specifically provided in the relevant rules, shall be the last date for submission of application forms.”

**4. ਇੰਨ੍ਹਾਂ ਅਸਾਮੀਆਂ ਦਾ ਤਨਖਾਹ ਸਕੇਲ ਹੇਠ ਦਰਸਾਏ ਅਨੁਸਾਰ ਹੈ:-**

| **ਅਸਾਮੀ ਦਾ ਨਾਮ** | **Pay Scale** |
|---|---|

| | |
|---|---|
| Excise and Taxation Inspector | 35400/- (As per 7th CPC) |

5. **ਉਮਰ ਸੀਮਾ:-**

ਉਪਰੋਕਤ ਅਸਾਮੀਆਂ ਲਈ ਉਮੀਦਵਾਰਾਂ ਦੀ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01.01.2026 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:-

(i) ਕਿਸੇ ਵੀ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਨਹੀਂ ਹੋਣੀ ਚਾਹੀਦੀ।

(ii) ਜਨਰਲ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(iii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਦੀ ਉਪਰਲੀ ਸੀਮਾ 42 ਸਾਲ ਹੋਵੇਗੀ।

(iv) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਮਰ ਦੀ ਉਪਰਲੀ ਸੀਮਾਂ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(v) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਮਰ ਦੀ ਉਪਰਲੀ ਸੀਮਾ Punjab Recruitment of Ex-Servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਦੀ ਉਪਰਲੀ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ, ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਦੀ ਉਪਰਲੀ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(vi) ਪੰਜਾਬ ਦੇ ਵਸਨੀਕ ਦਿਵਿਆਂਗ ਉਮੀਦਵਾਰਾਂ ਲਈ ਉਮਰ ਦੀ ਉਪਰਲੀ ਸੀਮਾ ਵਿੱਚ 10 ਸਾਲ ਦੀ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(vii) The upper age limit for widows, divorcees and certain other categories of married women as per instructions issued by the Government of Punjab vide letter No. 1/50/83-5PP(1368)/3454 dated 23.04.1984 will be relaxed up to 40 years.

ਨੋਟ:- 1. **ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾਂ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ NOC ਲੈ ਕੇ ਕਾਉਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

2. **ਇਸ਼ਤਿਹਾਰ ਨੰ: 14/2024 ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਦੀ ਉਮਰ ਸੀਮਾ ਲਈ cut-off ਮਿਤੀ 01-01-2024 ਮੰਨੀ ਜਾਏਗੀ।**

6. **ਫੀਸ ਦਾ ਵੇਰਵਾ:**

| | | |
|---|---|---|
| ਆਮ ਵਰਗ (General Category)/ਸੁਤੰਤਰਤਾ ਸੰਗਰਾਮੀ/ਖਿਡਾਰੀ | - | 1000/- ਰੁਪਏ |
| ਐਸ.ਸੀ.(S.C)/ਬੀ.ਸੀ.(BC)/ਆਰਥਿਕ ਤੌਰ ਤੇ ਕਮਜ਼ੋਰ ਵਰਗ (EWS) | - | 250/- ਰੁਪਏ |
| ਸਾਬਕਾ ਫੌਜੀ ਅਤੇ ਆਸ਼ਰਿਤ (Ex-Servicemen & Dependent) | - | 200/- ਰੁਪਏ |
| ਦਿਵਿਆਂਗ (Physical Handicapped) | - | 500/- ਰੁਪਏ |

ਨੋਟ:- **1. ਉਮੀਦਵਾਰਾਂ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।**

**2. ਇਸ਼ਤਿਹਾਰ ਨੰ: 14/2024 ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਨੂੰ ਇਸ ਇਸ਼ਤਿਹਾਰ ਲਈ ਫੀਸ ਭਰਨ ਤੋਂ ਛੋਟ ਦਿੱਤੀ ਜਾਂਦੀ ਹੈ।**

**7. ਚੋਣ ਵਿਧੀ:**

i. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਚੋਣ ਕਰਨ ਲਈ Objective type (Multiple Choice Questions) ਲਿਖਤੀ ਪ੍ਰੀਖਿਆ ਹੋਵੇਗੀ।

ii. ਇਹ ਪ੍ਰੀਖਿਆ ਦੋ ਭਾਗਾਂ (Part A & B) ਵਿੱਚ ਹੋਏਗੀ। Part-A ਵਿੱਚ ਦਸਵੀਂ ਪੱਧਰ ਦੀ ਪੰਜਾਬੀ ਭਾਸ਼ਾ ਦਾ ਪੇਪਰ ਹੋਏਗਾ, ਜੋ ਕਿ ਸਿਰਫ qualifying nature ਦਾ ਹੋਏਗਾ। ਇਹ ਪੇਪਰ qualify ਕਰਨ ਲਈ ਘੱਟੋ-ਘੱਟ 50% ਅੰਕ ਪ੍ਰਾਪਤ ਕਰਨੇ ਜਰੂਰੀ ਹਨ, ਇਸ ਭਾਗ ਦੇ ਅੰਕਾਂ ਨੂੰ ਚੋਣ ਵਾਲੇ ਮੈਰਿਟ ਅੰਕਾਂ ਵਿੱਚ ਨਹੀਂ ਗਿਣਿਆ ਜਾਏਗਾ। Part-B ਪੇਪਰ ਅਸਾਮੀ ਲਈ ਲੋੜੀਂਦੀ ਵਿਦਿਅਕ ਯੋਗਤਾ ਤੇ ਆਧਾਰਿਤ ਹੋਏਗਾ।

iii. ਉਮੀਦਵਾਰਾਂ ਦੀ ਮੈਰਿਟ ਸੂਚੀ (Merit List) ਲਿਖਤੀ ਪ੍ਰੀਖਿਆ ਦੇ ਸਿਰਫ Part-B ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਏਗੀ। Part-B ਵਿੱਚ negative marking ਹੋਵੇਗੀ। ਹਰ ਪ੍ਰਸ਼ਨ ਦਾ 1 ਅੰਕ ਹੋਵੇਗਾ ਅਤੇ ਹਰੇਕ ਗਲਤ ਉੱਤਰ ਲਈ ¼ ਅੰਕ ਕੱਟੇ ਜਾਣਗੇ।

iv. ਜੇਕਰ ਦੋ ਜਾਂ ਦੋ ਤੋਂ ਵੱਧ ਉਮੀਦਵਾਰਾਂ ਦੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੀ ਬਾਰਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਦੇ ਹੋਏ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਜਨਮ ਮਿਤੀ ਅਨੁਸਾਰ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਉਪਰੰਤ ਅਸਾਮੀ ਲਈ ਲੋੜੀਂਦੀ ਵਿਦਿਅਕ ਯੋਗਤਾ ਦੀ ਅੰਕ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਇਸ ਉਪਰੰਤ ਵੀ ਅੰਕਾਂ ਦੀ ਬਰਾਬਰਤਾ ਦਾ ਮਾਮਲਾ ਨਹੀਂ ਸੁਲਝਦਾ ਹੈ ਤਾਂ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਵੱਧ ਮੈਟ੍ਰਿਕ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਇਸ ਵਿਧੀ ਅਨੁਸਾਰ ਮੈਰਿਟ ਦੀ ਬਰਾਬਰਤਾ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਉਮੀਦਵਾਰਾਂ ਤੇ ਲਾਗੂ ਹੋਵੇਗਾ।

v. ਮੈਰਿਟ ਸੂਚੀ ਦੇ ਆਧਾਰ ਤੇ ਉਮੀਦਵਾਰਾਂ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਏਗਾ। ਕਾਉਂਸਲਿੰਗ ਲਈ ਬੁਲਾਏ ਜਾਣ ਵਾਲੇ ਉਮੀਦਵਾਰਾਂ ਦੀ ਗਿਣਤੀ ਦਾ ਫੈਸਲਾ ਬੋਰਡ ਜਾਂ ਬੋਰਡ ਦੀ ਸਮਰੱਥ ਅਥਾਰਟੀ/ਅਧਿਕਾਰੀ ਵੱਲੋਂ ਸ਼੍ਰੇਣੀ ਵਾਈਜ ਅਸਾਮੀਆਂ ਦੀ ਗਿ ਣਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਜਾਏਗਾ। ਇਸ ਉਪਰੰਤ ਕਾਉਂਸਲਿੰਗ ਉਪਰੰਤ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕੀਰਿਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ) ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।

vi. ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਲਈ ਬੋਰਡ ਦੀ ਵੈੱਬਸਾਈਟ ਤੇ ਹੀ Online Admit Card ਜਾਰੀ ਕੀਤੇ ਜਾਣਗੇ। ਲਿਖਤੀ ਪ੍ਰੀਖਿਆ ਦਾ ਸਿਲੇਬਸ/ਪੈਟਰਨ (Pattern) ਬੋਰਡ ਦੀ ਵੈਬਸਾਈਟ ਤੇ ਅਪਲੋਡ ਕੀਤਾ ਜਾਏਗਾ। ਸੋ ਉਮੀਦਵਾਰ ਬੋਰਡ ਦੀ ਵੈਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣ।

vii. ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਉਮੀਦਵਾਰ ਦੀ ਯੋਗਤਾ ਸਿੱਧ ਹੋਣ ਉਪਰੰਤ ਹੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼

ਕੀਤਾ ਜਾਏਗਾ। ਉਮੀਦਵਾਰ ਵੱਲੋਂ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

viii. ਲਿਖਤੀ ਪ੍ਰਿਖਿਆ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦਾ ਸਮਾਂ, ਪ੍ਰੀਖਿਆ ਕੇਂਦਰ, Admit Card, ਨਤੀਜਾ, ਮੈਰਿਟ ਸੂਚੀ ਅਤੇ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵਿਅਕਤੀਗਤ ਤੌਰ ਤੇ ਕੋਈ ਵੀ ਪੱਤਰ-ਵਿਹਾਰ/ਸੂਚਨਾ ਨਹੀਂ ਭੇਜੀ ਜਾਏਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

ix. ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ /ਪਾਤਰਤਾ ਦੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ/ਅਸਾਮੀ ਕੋਡ ਵਿੱਚ ਹੀ ਵਿਚਾਰਿਆ ਜਾਵੇਗਾ।

**8. ਅਪਲਾਈ ਕਰਨ ਦੀ ਵਿਧੀ:**

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Apply Online" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ **ਮਿਤੀ 13.02.2026 ਤੋਂ 06.03.2026 ਤੱਕ** ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਇਹ ਰੱਦ ਸਮਝੀ ਜਾਵੇਗੀ।

(II) **Registration and Login**

ਬੋਰਡ ਦੀ ਵੈਬਸਾਈਟ ਤੇ ਉਪਲਬਧ "Apply Online" ਲਿੰਕ ਤੇ ਕਲਿਕ ਕਰਨ ਉਪਰੰਤ ਉਮੀਦਵਾਰ (ਜਿਨ੍ਹਾਂ ਉਮੀਦਵਾਰਾਂ ਦਾ Login/User ID ਨਹੀਂ ਹੈ ) "Registraion" ਤੇ ਕਲਿਕ ਕਰਕੇ ਆਪਣੀ ਡਿਟੇਲ ਭਰਨਗੇ, ਜਿਸ ਨਾਲ ਉਨ੍ਹਾਂ ਦਾ User ID ਅਤੇ Password generate ਹੋ ਜਾਵੇਗਾ। Registration ਸਫਲ ਹੋਣ ਉਪਰੰਤ ਹੀ UserID ਦੀ ਵਰਤੋਂ ਕਰਕੇ ਆਨਲਾਈਨ ਅਪਲਾਈ ਕੀਤਾ ਜਾ ਸਕੇਗਾ। ਇਸ ਲਈ ਉਮੀਦਵਾਰ ਇਹ UserID ਭਵਿੱਖ ਲਈ ਸੰਭਾਲ ਕੇ ਰੱਖਣ। ਰਜਿਸਟ੍ਰੇਸ਼ਨ ਕਰਨ ਤੋਂ ਬਾਅਦ ਉਮੀਦਵਾਰ ਆਪਣੀ ਰਜਿਸਟਰ ਕੀਤੀ ਜਾਣਕਾਰੀ/UserID ਨਾਲ Login ਕਰਕੇ ਆਨਲਾਈਨ ਅਪਲਾਈ ਕਰਨ ਦੀ ਪ੍ਰਕਿਰਿਆ ਜਾਰੀ ਰੱਖਣ।

(III) **Online Application/ਅਰਜ਼ੀ ਫਾਰਮ ਭਰਨਾ**

ਉਮੀਦਵਾਰ ਸਭ ਤੋਂ ਪਹਿਲਾਂ ਆਪਣੀ ਨਿੱਜੀ, ਵਿਦਿਅਕ ਅਤੇ ਲੋੜੀਂਦੀ ਜਾਣਕਾਰੀ ਸਹੀ ਅਤੇ ਪੂਰੀ ਤਰ੍ਹਾਂ ਭਰਦੇ ਹੋਏ ਆਪਣੀ ਪਾਸਪੋਰਟ ਆਕਾਰ ਦੀ ਫੋਟੋ ਅਪਲੋਡ ਕਰਨਗੇ ਜਾਂ ਕੈਮਰੇ ਰਾਹੀਂ live Photo capture ਕਰਨਗੇ, ਇਸਦੇ ਨਾਲ ਹੀ ਦਸਤਖ਼ਤ ਦੀ ਸਕੈਨ ਕੀਤੀ ਕਾਪੀ ਅਪਲੋਡ ਕ ਰਨਗੇ। ਫੋਟੋ ਅਤੇ ਦਸਤਖ਼ਤ ਤੋਂ ਬਿਨਾਂ ਭੇਜੀਆਂ ਅਰਜ਼ੀਆਂ ਅਧੂਰੀ ਆਂ ਮੰਨੀਆਂ ਜਾਣਗੀਆਂ ਅਤੇ ਰੱਦ ਕਰ ਦਿੱਤੀਆਂ ਜਾਣਗੀਆਂ । ਇਸ ਉਪਰੰਤ ਉਮੀਦਵਾਰ "Save Draft" ਕਰਨਗੇ ਜਾਂ "Next" ਤੇ ਕਲਿਕ ਕਰਨਗੇ। ਇਸ ਉਪਰੰਤ ਉਮੀਦਵਾਰ "Attach Annexure" ਤੇ ਕਲਿਕ ਕਰਨਗੇ ਅਤੇ ਆਪਣੇ 10ਵੀਂ ਜਮਾਤ ਦਾ ਸਰਟੀਫਿਕੇਟ ,

ਵਿਦਿਅਕ ਯੋਗਤਾ ਨਾਲ ਸਬੰਧਤ ਸਰਟੀਫਿਕੇਟ ਅਤੇ ਹੋਰ ਲਾਜ਼ਮੀ ਦਸਤਾਵੇਜ਼ਾਂ ਦੀ ਆਂ ਸਕੈਨ ਕਾਪੀ ਆਂ ਅਪਲੋਡ ਕਰਨਗੇ ।ਦਸਤਾਵੇਜ਼ ਅਪਲੋਡ ਕਰਨ ਤੋਂ ਬਾਅਦ " Save Documents" ਤੇ ਕਲਿੱਕ ਕਰਨਗੇ। ਇਸ ਉਪਰੰਤ "Make payment" ਤੇ ਕਲਿਕ ਕਰਦੇ ਹੋਏ ਉਮੀਦਵਾਰ ਆਨਲਾਈਨ ਫੀਸ ਦਾ ਭੁਗਤਾਨ ਕਰਨਗੇ। ਫੀਸ ਦਾ ਭੁਗਤਾਨ ਕਰਨ ਉਪਰੰਤ "Submit" ਤੇ ਕਲਿੱਕ ਕਰਦੇ ਹੋਏ apply ਕਰਨ ਦੀ ਵਿਧੀ ਨੂੰ ਪੂਰਾ ਕਰਨਗੇ ਅਤੇ ਉਨ੍ਹਾਂ ਦਾ ਪੂਰਾ Application Form screen ਤੇ ਦਿਖਾਈ ਦੇਵੇਗਾ। ਉਮੀਦਵਾਰ ਇਸਦਾ print ਲੈਕੇ ਭਵਿੱਖ ਲਈ ਸੰਭਾਲ ਕੇ ਰੱਖਣਗੇ। ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) Application Form ਦਾ Draft save ਕਰਨ ਤੋਂ ਬਾਅਦ ਇਹ Draft "Menu>View Status of Application>View Incomplete Application" ਲਿੰਕ ਤੇ ਕਲਿਕ ਕਰਕੇ ਮੁੜ ਦੇਖਿਆ ਜਾ ਸਕਦਾ ਹੈ ਅਤੇ ਫਾਰਮ complete ਕਰਕੇ submit ਕੀਤਾ ਜਾ ਸਕੇਗਾ।

(V) **ਇਸ਼ਤਿਹਾਰ ਨੰ: 14/2024 ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰ ਬੋਰਡ ਦੀ ਵੈਬਸਾਈਟ ਤੇ ਉਪਲਬਧ "Apply Online" ਲਿੰਕ ਤੇ ਕਲਿਕ ਕਰਨ ਉਪਰੰਤ "Registraion" ਤੇ ਕਲਿਕ ਕਰਕੇ ਆਪਣੀ ਡਿਟੇਲ ਭਰਕੇ ਆਪਣਾ User ID ਅਤੇ Password generate ਕਰਨਗੇ ਜਿਸਦੀ ਵਰਤੋਂ ਕਰਕੇ ਹੀ ਆਨਲਾਈਨ ਅਪਲਾਈ ਕੀਤਾ ਜਾ ਸਕੇਗਾ। ਇਸ ਲਈ ਉਮੀਦਵਾਰ ਇਹ UserID ਭਵਿੱਖ ਲਈ ਸੰਭਾਲ ਕੇ ਰੱਖਣ। ਰਜਿਸਟ੍ਰੇਸ਼ਨ ਕਰਨ ਤੋਂ ਬਾਅਦ ਉਮੀਦਵਾਰ Login ਕਰਕੇ ਇਸ਼ਤਿਹਾਰ ਨੰ: 14/2024 ਵਿੱਚ ਸਬਮਿਟ ਕੀਤੇ Application No. ਅਤੇ Date of Birth ਦੀ ਵਰਤੋਂ ਕਰਕੇ ਆਪਣੀ ਡਿਟੇਲ ਵੈਰੀਫਾਈ ਕਰਨਗੇ ਅਤੇ ਇਸ ਉਪਰੰਤ ਆਨਲਾਈਨ ਅਪਲਾਈ ਕਰਨ ਦੀ ਪ੍ਰਕਿਰਿਆ ਜਾਰੀ ਰੱਖਣਗੇ।**

(VI) ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(VII) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(VIII) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(IX) Online ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

**9. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਦਰਸਾਈ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ:-

(i) ਪੂਰੀ ਫੀਸ ਪ੍ਰਾਪਤ ਨਾ ਹੋਣ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣ ਜਾਂ ਕਿਸੇ ਵੀ ਕਾਰਨ ਫੀਸ ਪ੍ਰਾਪਤ ਨਾ ਹੋਣ ਦੀ ਸਥਿਤੀ ਵਿੱਚ ਪਾਤਰਤਾ ਰੱਦ ਸਮਝੀ ਜਾਏਗੀ;

(ii) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ;

(iii) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕਿਰਿਆ ਮੁਕੰਮਲ ਨਾ ਕਰਨਾ;

(iv) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ;

(v) ਲੋੜੀਂਦੀ ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀ ਕੋਈ ਹੋਰ ਸ਼ਰਤ ਪੂਰੀ ਨਾ ਹੋਣਾ;

(vi) ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਦੀ ਥਾਂ ਕਿਸੇ ਹੋਰ ਪ੍ਰਕਿਰਿਆ ਰਾਹੀਂ ਬਿਨੈ ਕਰਨਾ;

(vii) ਲਿਖਤੀ ਪ੍ਰਿਖਿਆ ਵਿੱਚ ਫੇਲ/ਅਯੋਗ ਹੋਣ ਦੀ ਸਥਿਤੀ ਵਿੱਚ।

**10. ਬਿਨੈਕਾਰਾਂ ਦੇ ਧਿਆਨ ਹਿੱਤ ਅਤਿ ਜ਼ਰੂਰੀ ਹਦਾਇਤਾਂ:**

(i) ਉਮੀਦਵਾਰਾਂ ਵੱਲੋਂ ਹਾਸਲ ਕੀਤਾ ਗਿਆ ਡਿਗਰੀ/ਡਿਪਲੋਮਾ/ਕੋਰਸ ਸਰਟੀਫਿਕੇਟ ਸਬੰਧਤ ਬੋਰਡ/ਸੰਸਥਾ/ਯੂਨੀਵਰਸਿਟੀ ਵੱਲੋਂ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ ਅਤੇ ਮਾਨਤਾ ਪ੍ਰਾਪਤ ਬੋਰਡ/ਸੰਸਥਾ/ਯੂਨੀਵਰਸਿਟੀ ਤੋਂ ਜਾਰੀ ਕੀਤਾ ਹੋਣਾ ਲਾਜ਼ਮੀ ਹੈ।

(ii) ਉਪਰੋਕਤ ਦਰਸਾਈਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994 ਵਿੱਚ ਕੀਤੇ ਉਪਬੰਧ ਅਨੁਸਾਰ ਦਸਵੀਂ ਪੱਧਰ ਦੀ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਵੇ।

(iii) ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ. 7/204/2012-4ਐਫ.ਪੀ.1/66 ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(iv) ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਬੋਰਡ ਵੱਲੋਂ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾਂ ਸ਼੍ਰੇਣੀ ਵਿੱਚ ਤਬਦੀਲੀ ਕੀਤੀ ਜਾ ਸਕਦੀ ਹੈ।

(v) ਇਨ੍ਹਾਂ ਅਸਾਮੀਆਂ ਦੀ ਸ਼੍ਰੇਣੀ ਵਾਈਜ਼ ਵੰਡ ਅਤੇ ਰਾਖਵਾਂਕਰਨ ਉਪਰੋਕਤ ਦਰਸਾਏ ਸਬੰਧਤ ਵਿਭਾਗ ਵੱਲੋਂ ਨਿਰਧਾਰਤ ਕੀਤਾ ਗਿਆ ਹੈ। ਇਨ੍ਹਾਂ ਅਸਾਮੀਆਂ ਲਈ ਹਰ ਸ਼੍ਰੇਣੀ ਲਈ ਰਾਖਵਾਂਕਰਨ ਸਬੰਧਤ ਵਿਭਾਗ/ਪੰਜਾਬ ਸਰਕਾਰ ਦੀਆਂ ਰਾਖਵਾਂਕਰਨ ਸਬੰਧੀ ਨੀਤੀ/ਹਦਾਇਤਾਂ/ਨਿਯਮਾਂ ਅਨੁਸਾਰ ਲਾਗੂ ਹੋਵੇਗਾ। Economic weaker Sections ਲਈ ਰਾਖਵਾਂਕਰਨ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਦੇ ਪੱਤਰ ਨੰ.01/03/2019-ਆਰ.ਸੀ.1/120 ਮਿਤੀ 28 ਮਈ, 2019 ਰਾਹੀਂ ਜਾਰੀ ਹਦਾਇਤਾਂ ਅਤੇ ਇਸਨੂੰ ਲਾਗੂ ਕਰਨ ਸਬੰਧੀ ਭਵਿੱਖ ਵਿੱਚ ਸਮੇਂ ਸਮੇਂ ਤੇ ਹੋਰ ਵੀ ਜਾਰੀ ਕੀਤੀਆਂ ਗਈਆਂ ਹਦਾਇਤਾਂ/ਨਿਯਮਾਂ ਦੇ ਅਨੁਸਾਰ ਲਾਗੂ ਹੋਵੇਗਾ।

(vi) ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈੱਬਸਾਈਟ *https://sssb.punjab.gov.in* ਤੇ ਹੀ ਆਨਲਾਈਨ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(vii) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜ਼ਿੰਮੇਵਾਰ ਹੋਵੇਗਾ। ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜ਼ਿੰਮੇਵਾਰੀ ਨਹੀਂ ਹੋਵਗੀ ਅਤੇ ਨਾ ਹੀ ਕਿਸੇ ਵੀ ਕਾਲਮ ਵਿੱਚ ਸੋਧ ਕੀਤੀ ਜਾਵੇਗੀ। ਉਮੀਦਵਾਰ ਵਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(viii) ਉਮੀਦਵਾਰ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵੱਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿੱਚ ਫਾਰਮ ਦੇ ਕਿਸੇ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਵੇਗੀ।

(ix) ਉਮੀਦਵਾਰ ਵੱਲੋਂ ਅਧੂਰਾ ਫਾਰਮ ਭਰਨ ਜਾਂ ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਪੂਰੀ ਨਾ ਕਰਨ ਜਾਂ ਪੂਰੀ ਫੀਸ ਨਾ ਭਰ ਸਕਣ ਜਾਂ ਲੋੜੀਂਦੇ ਦਸਤਾਵੇਜ਼ ਅਪਲੋਡ ਨਾ ਕਰਨ ਦੀ ਸਥਿਤੀ ਵਿੱਚ ਉਸਦਾ

ਬਿਨੈ-ਪੱਤਰ ਸਵੀਕਾਰ ਨਹੀਂ ਕੀਤਾ ਜਾਵੇਗਾ ਅਤੇ ਉਸਨੂੰ ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਨਹੀਂ ਮੰਨਿਆ ਜਾਵੇਗਾ।

(x) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਦਰਸਾਈਆਂ ਹਦਾਇਤਾਂ ਮੁਤਾਬਕ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਵੈੱਬਸਾਈਟ ਤੇ ਨਾਲ ਹੀ ਅਪਲੋਡ ਕਰਨਗੇ।

(xi) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਲਿਖਤੀ ਪ੍ਰਿਖਿਆ ਦਾ ਪੈਟਰਨ, ਸ਼ਡਿਊਲ/ਮਿਤੀ, Admit Card, ਨਤੀਜਾ, Merit List, ਕਾਊਂਸਲਿੰਗ ਅਤੇ ਹੋਰ ਮਹੱਤਵਪੂਰਨ ਮਿਤੀਆਂ ਅਤੇ ਭਰਤੀ ਪ੍ਰਕਿਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹਰ ਤਰ੍ਹਾਂ ਦੀ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਵੇਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਵੇਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁਕੰਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰਾਂ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਵੇਗਾ।

(xii) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(xiii) ਵੱਖ-ਵੱਖ ਵਰਗਾਂ/ਸ਼੍ਰੇਣੀਆਂ ਦੀਆਂ ਅਸਾਮੀਆਂ ਉਸ ਵਰਗ/ਸ਼੍ਰੇਣੀ ਵਿੱਚ ਅਸਾਮੀਆਂ ਦੀ ਉਪਲੱਬਤਾ ਅਨੁਸਾਰ ਭਰੀਆਂ ਜਾਣਗੀਆਂ।

(xiv) ਆਨਲਾਈਨ ਅਪਲਾਈ ਕਰਨ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਊਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਲਿਖਤੀ ਪ੍ਰੀਖਿਆ ਪਾਸ ਕਰਨ ਅਤੇ ਅਸਾਮੀ ਲਈ ਹਰ ਲੋੜੀਂਦੀ ਯੋਗਤਾ ਪੂਰੀ ਕਰਨ ਤੇ ਅਸਾਮੀਆਂ ਦੀ ਉਪਲਬਧਤਾ ਮੁਤਾਬਕ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ। ਤੈਅ ਸਮੇਂ-ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

(xv) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬਧ ਕਰਵਾਏ ਗਏ ਕਿਸੇ ਵੀ ਦਸਤਾਵੇਜ ਦੇ ਗਲਤ ਸਾਬਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋਂ ਕੱਢ ਦਿੱਤਾ ਜਾਵੇਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ। ਅਜਿਹੇ ਉਮੀਦਵਾਰ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾ ਸਕਦੀ ਹੈ।

(xvi) ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀਆਂ ਸਬੰਧੀ ਲੋੜੀਂਦੀ ਯੋਗਤਾ ਅਤੇ ਨਿਰਧਾਰਤ ਸ਼ਰਤਾਂ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਊਂਸਲਿੰਗ ਸਮੇਂ ਅਸਲ ਦਸਤਾਵੇਜ ਦੇ ਆਧਾਰ ਤੇ ਉਮਰ, ਵਿੱਦਿਅਕ ਯੋਗਤਾ ਅਤੇ ਲੋੜੀਂਦੇ ਦਸਤਾਵੇਜ ਸਬੰਧੀ ਤਸਦੀਕ ਕਰਨੀ ਹੋਵੇਗੀ ਅਤੇ ਆਪਣੇ ਰਾਖਵਾਂਕਰਨ ਦੇ ਸਰਟੀਫਿਕੇਟ ਵੀ ਪੇਸ਼ ਕਰਨੇ ਹੋਣਗੇ। ਇਨ੍ਹਾਂ ਦਸਤਾਵੇਜਾਂ ਦੇ ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਯੋਗਤਾਵਾਂ ਪੂਰੀਆਂ ਕਰਨ, ਉਸਦੀ ਪਾਤਰਤਾ ਸਿੱਧ ਹੋਣ ਅਤੇ ਅਸਾਮੀਆਂ ਦੀ ਉਪਲਬਧਤਾ ਹੋਣ ਦੀ ਸਥਿਤੀ ਵਿੱਚ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ।

(xvii) ਉਮੀਦਵਾਰ ਕਾਊਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ ਅਤੇ ਤਕਨੀਕੀ ਯੋਗਤਾ ਨਾਲ ਸਬੰਧਤ ਆਪਣੇ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ਼ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ। ਕਾਊਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

(xviii) ਲਿਖਤੀ ਪ੍ਰਿਖਿਆ/ਕਾਊਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(xix) ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਬੋਰਡ/ਬੈਂਕ ਦੁਆਰਾ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।

(xx) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੀਤੀ ਕੋਈ ਵੀ ਸੋਧ/ਨੋਟਿਸ/Corrigendum ਇਸ ਭਰਤੀ ਤੇ ਲਾਗੂ ਹੋਵੇਗਾ ਅਤੇ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(xxi) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਜਾਂ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(xxii) ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗ ਦੁਆਰਾ ਮੁਹੱਈਆ ਕਰਵਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜਿੰਮੇਵਾਰੀ ਸਬੰਧਤ ਵਿਭਾਗ ਦੀ ਹੋਵੇਗੀ।

(xxiii) ਇਨ੍ਹਾਂ ਅਸਾਮੀਆਂ ਲਈ ਆਨਲਾਈਨ ਬਿਨੈ (Online Apply) ਕਰਨ ਸਬੰਧੀ ਕੋਈ ਮੁਸ਼ਕਲ/ਔਕੜ (Technical issue) ਆਉਣ ਤੇ email ਰਾਹੀਂ **helpdesk.sssbpb@gmail.com** ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxiv) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04.00 pm ਦਫਤਰ ਦੇ ਟੈਲੀਫੋਨ ਨੰ. 0172-2298000 (Extension No. 5106 and 5107) ਅਤੇ 0172-2298083 ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxv) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

ਸਹੀ/-

**ਸਥਾਨ: ਐਸ.ਏ.ਐਸ. ਨਗਰ** **ਸਕੱਤਰ**

**ਮਿਤੀ: 13/02/2026** **ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**